# ਪੰਥ ਦੇ ਵਾਲੀ ਗੁਰੂ ਗੋਬਿੰਦ ਸਿੰਘ ਜੀ

ਬੀਬੀ ਮਨਜੀਤ ਕੌਰ
ਲੱਖਪੁਰ



ਬਾਦਸ਼ਾਹ ਦਰਵੇਸ਼ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 23 ਪੋਹ ਸੰਮਤ 1723 ਮੁਤਾਬਕ 22 ਦਸੰਬਰ ਸੰਨ 1666 ਈ: ਵਿਚ ਪਿਤਾ ਨੌਂਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਘਰ ਮਾਤਾ ਗੁਜਰੀ ਜੀ ਦੀ ਕੁੱਖੋਂ ਪਟਨੇ (ਬਿਹਾਰ) ਵਿਚ ਅਵਤਾਰ ਧਾਰਿਆ। ਜਿਨ੍ਹੀਂ ਦਿਨੀਂ ਆਪ ਜੀ ਦਾ ਪ੍ਰਕਾਸ਼ ਹੋਇਆ ਉਨ੍ਹੀ ਦਿਨੀਂ ਆਪ ਜੀ ਦੇ ਪਿਤਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਸਾਮ-ਬੰਗਾਲ ਦੇ ਦੌਰੇ 'ਤੇ ਗਏ ਹੋਏ ਸਨ। ਉਨ੍ਹਾਂ ਨੂੰ ਆਪਣੇ ਲਾਡਲੇ ਸਪੁੱਤਰ ਦੇ ਪ੍ਰਕਾਸ਼ ਦੀ ਖਬਰ ਭਾਈ ਮੇਹਰ ਚੰਦ ਅਤੇ ਭਾਈ ਕਲਿਆਣ ਚੰਦ ਜੀ ਦੁਆਰਾ ਮਿਲੀ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਸਾਮ ਦੇ ਦੌਰੇ ਤੋਂ ਸੰਨ 1670 ਈ: ਵਿਚ ਵਾਪਸ ਪਰਤੇ, ਉਸ ਸਮੇਂ ਆਪ ਦੇ ਲਾਡਲੇ ਸਪੁੱਤਰ ਗੋਬਿੰਦ ਰਾਏ ਜੀ ਵੀ ਸਾਢੇ ਤਿੰਨ ਸਾਲ ਦੇ ਹੋ ਚੁੱਕੇ ਸਨ।

ਨੌਂਵੇਂ ਗੁਰੂ ਸਾਹਿਬ ਪਟਨੇ ਕੁਝ ਦਿਨ ਠਹਿਰਨ ਤੋਂ ਬਾਅਦ ਪਰਵਾਰ ਨੂੰ ਪਟਨੇ ਰੁਕਣ ਦਾ ਆਦੇਸ਼ ਦੇ ਕੇ ਵਾਪਸ ਪੰਜਾਬ ਆ ਗਏ ਸਨ। ਇਸ ਤਰ੍ਹਾਂ ਗੋਬਿੰਦ ਰਾਏ ਜੀ ਦੇ ਬਚਪਨ ਦੇ ਪਹਿਲੇ ਪੰਜ ਸਾਲ ਪਟਨੇ ਵਿਚ ਹੀ ਬਤੀਤ ਹੋਏ। ਜਿੱਥੇ ਆਪ ਜੀ ਦਾ ਅਵਤਾਰ ਹੋਇਆ ਉਥੇ ਸੁੰਦਰ ਗੁਰਦੁਆਰਾ ਤਖਤ ਸ੍ਰੀ ਪਟਨਾ ਸਾਹਿਬ ਸੁਸ਼ੋਭਿਤ ਹੈ।

ਪਿਤਾ ਜੀ ਦੇ ਹੁਕਮਾਂ ਅਨੁਸਾਰ ਆਪ ਫਰਵਰੀ 1672 ਈ: ਵਿਚ ਅਨੰਦਪੁਰ ਸਾਹਿਬ (ਪੰਜਾਬ) ਆਏ ਉਸ ਵੇਲੇ ਆਪ ਜੀ ਦੀ ਆਯੂ ਦਾ 6 ਵਾਂ ਸਾਲ ਚੱਲ ਰਿਹਾ ਸੀ। (ਹੁਸ਼ਿਆਰਪੁਰ ਦੇ 1883 ਦੇ ਗਜ਼ਟੀਅਰ ਵਿਚ ਲਿਖਿਆ ਹੈ ਕਿ ਮਾਖੋਵਾਲ ਅਤੇ ਨਾਲ ਲੱਗਦੇ ਪਿੰਡਾਂ ਦੀ ਜ਼ਮੀਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ 2200 ਰੁਪਏ ਵਿਚ ਕਹਿਲੂਰ ਦੇ ਰਾਜੇ ਦੀਪ ਚੰਦ ਕੋਲੋਂ ਖਰੀਦੀ ਸੀ, ਇਹ ਉਹ ਦੀਪ ਚੰਦ ਰਾਜਾ ਸੀ ਜਿਸ ਦਾ ਵਡੇਰਾ ਰਾਜਾ ਤਾਰਾ ਚੰਦ ਗਵਾਲੀਅਰ ਦੇ ਕਿਲ੍ਹੇ ਵਿਚ ਕੈਦ 52 ਰਾਜਿਆਂ ਵਿੱਚੋਂ ਇਕ ਸੀ ਜਿਨ੍ਹਾਂ ਨੂੰ ਛੇਵੇਂ ਗੁਰੂ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਰਿਹਾਅ ਕਰਵਾਇਆ ਸੀ। ਮਾਖੋਵਾਲ ਦਾ ਨਾਮ ਪਹਿਲਾਂ ਚੱਕ ਨਾਨਕੀ ਅਤੇ ਬਾਅਦ ਵਿਚ ਅਨੰਦਪੁਰ ਸਾਹਿਬ ਪ੍ਰਸਿੱਧ ਹੋਇਆ, ਜਿਸ ਦੀ ਨੀਂਹ ਰੱਖਣ ਲਈ ਟੱਕ ਬਾਬਾ ਗੁਰਦਿੱਤਾ ਜੀ ਲਗਾਇਆ ਸੀ) ਅਨੰਦਪੁਰ ਸਾਹਿਬ ਵਿਖੇ ਹੀ ਆਪ ਜੀ ਦੇ ਪਿਤਾ ਜੀ ਦੁਆਰਾ ਆਪ ਜੀ ਦੇ ਲਈ ਭਾਂਤ-ਭਾਂਤ ਦੀ ਵਿੱਦਿਆ ਦਾ ਖਾਸ ਪ੍ਰਬੰਧ ਕੀਤਾ ਗਿਆ। ਅਨੰਦਪੁਰ ਸਾਹਿਬ ਵਿਖੇ ਹੀ ਆਪ ਜੀ ਨੇ ਘੋੜ ਸਵਾਰੀ, ਤੀਰ ਅੰਦਾਜੀ, ਬੰਦੂਕ, ਖੰਡਾ ਆਦਿ ਸ਼ਸਤਰ ਵਿੱਦਿਆ ਪ੍ਰਾਪਤ ਕੀਤੀ। ਗੁਰਬਾਣੀ ਆਪ ਜੀ ਨੇ ਆਪਣੇ ਮਾਤਾ ਗੁਜਰੀ ਜੀ ਪਾਸੋਂ ਪੜ੍ਹ ਕੇ ਕੰਠ ਕਰ ਲਈ ਸੀ ਅਤੇ ਗੁਰਮਤਿ ਦੀ ਹੋਰ ਵਿਸਥਾਰ ਸਹਿਤ ਜਾਣਕਾਰੀ ਆਪ ਜੀ ਨੇ ਗੁਰੂ-ਘਰ ਦੇ ਗ੍ਰੰਥੀ ਮੁਨਸ਼ੀ ਸਾਹਿਬ ਚੰਦ ਜੀ ਤੋਂ ਪ੍ਰਾਪਤ ਕੀਤੀ।

ਫਾਰਸੀ ਦੀ ਵਿੱਦਿਆ ਆਪ ਜੀ ਨੇ ਕਾਜ਼ੀ ਨੂਰਦੀਨ ਸਲੋਹ ਪਾਸੋਂ ਪ੍ਰਾਪਤ ਕੀਤੀ ਅਤੇ ਸੰਸਕ੍ਰਿਤ ਦੀ ਵਿੱਦਿਆ ਆਪ ਜੀ ਨੇ ਮਟਨ ਨਿਵਾਸੀ ਪੰਡਿਤ ਕਿਰਪਾ ਰਾਮ ਜੀ ਤੋਂ ਪ੍ਰਾਪਤ ਕੀਤੀ। ਜਦੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਿੱਲੀ ਵਿਖੇ ਚਾਂਦਨੀ ਚੌਕ ਵਿਚ ਧਰਮ ਦੀ ਖਾਤਰ ਸੰਨ 1675 ਈ: ਨੂੰ ਬਲੀਦਾਨ ਦੇਣ ਲਈ ਗਏ, ਉਸ ਵੇਲੇ ਉਹ ਆਪਣੇ ਸਪੁੱਤਰ ਸ੍ਰੀ ਗੋਬਿੰਦ ਰਾਏ ਜੀ ਨੂੰ ਗੁਰਗੱਦੀ ਦੀ ਜ਼ਿੰਮੇਵਾਰੀ ਸੰਭਾਲਣ ਦਾ ਹੁਕਮ ਕਰ ਗਏ ਸਨ, ਗੋਬਿੰਦ ਰਾਏ ਜੀ ਨੇ 9 ਸਾਲ ਦੀ ਛੋਟੀ ਜਿਹੀ ਅਵਸਥਾ ਵਿਚ ਆਪਣੇ ਪਿਤਾ ਨੂੰ ਮਜ਼ਲੂਮਾਂ ਦੇ ਹਿੱਤ ਲਈ ਧਰਮ ਤੋਂ ਕੁਰਬਾਨ ਹੋਣ ਲਈ ਜਿਸ ਦਲੇਰੀ ਨਾਲ ਤੋਰਿਆ ਉਹ ਸ੍ਰੀ ਗੋਬਿੰਦ ਰਾਏ ਜੀ ਦੀ ਬੀਰਤਾ, ਆਤਮਿਕ ਉਚਤਾ ਅਤੇ ਆਉਣ ਵਾਲੇ ਕਠਿਨ ਸਮੇਂ ਵਿਚ ਦੀਨ-ਦੁਖੀਆਂ ਦੀ ਰੱਖਿਆ ਦਾ ਸਬੂਤ ਸੀ, ਜਦੋਂ ਆਪ ਜੀ ਪਿਤਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਤੋਂ ਬਾਅਦ ਗੁਰਗੱਦੀ 'ਤੇ ਬਿਰਾਜਮਾਨ ਹੋਏ। ਗੁਰਗੱਦੀ ਦੀ ਰਸਮ ਬ੍ਰਹਮ ਗਿਆਨੀ ਬਾਬਾ ਬੁੱਢਾ ਜੀ ਦੀ ਪੰਜਵੀਂ ਪੀੜੀ ਤੋਂ ਉਨ੍ਹਾਂ ਦੇ ਪੜੋਤੇ ਬਾਬਾ ਰਾਮ ਕੁਇਰ ਜੀ ਆਪ ਜੀ ਨੇ ਜ੍ਹਿਗਾ-ਕਲਗੀ ਸਜਾ ਅਤੇ ਕ੍ਰਿਪਾਨ ਪਹਿਨਾ ਕੇ ਸੰਪੂਰਨ ਕੀਤੀ। ਗੁਰਗੱਦੀ 'ਤੇ ਬਿਰਾਜਣ ਤੋਂ ਬਾਅਦ ਗੁਰੂ ਸਾਹਿਬ ਜੀ ਨੂੰ ਜਿਨ੍ਹਾਂ ਔਕੜਾਂ ਅਤੇ ਤਾਕਤਾਂ ਦਾ ਸਾਹਮਣਾ ਕਰਨਾ ਪਿਆ ਉਨ੍ਹਾਂ ਵਿਚ ਇੱਕ ਤਾਕਤ ਬਾਦਸ਼ਾਹ ਔਰੰਗਜ਼ੇਬ ਦੀ ਸੀ ਅਤੇ ਦੂਜੀ ਤਾਕਤ ਪਹਾੜੀ ਰਾਜਿਆਂ ਦੀ ਸੀ, ਜੋ ਸਿੱਖੀ ਦਾ ਵਧਦਾ-ਫੁੱਲਦਾ ਤੇਜ ਬਰਦਾਸ਼ਤ ਨਹੀਂ ਕਰ ਸਕਦੇ ਸਨ। ਪਰ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੇ ਕੌਮ ਵਿਚ ਜਜ਼ਬੇ ਦਾ ਜੋ ਹੜ੍ਹ ਵਗਾਇਆ ਸੀ ਉਸ ਨੂੰ ਕਿਸੇ ਵੇਗ ਵਿਚ ਲਿਆਉਣ ਲਈ ਉਤਮ ਅਗਵਾਈ ਦੀ ਜ਼ਰੂਰਤ ਸੀ। ਜੇਕਰ ਔਕੜਾਂ ਦੀ ਗੱਲ ਲਈਏ ਤਾਂ ਉਸ ਸਮੇਂ ਸਭ ਤੋਂ ਵੱਡੀ ਔਕੜ ਸਾਧਨਾਂ ਅਤੇ ਫੌਜ ਦੀ ਘਾਟ ਦੀ ਸੀ, ਅਤੇ ਨਵੇਂ ਸਿਰਿਉਂ ਸੂਰਬੀਰਾਂ ਵਿਚ ਫੌਲਾਦ ਜਿਹੀ ਤਾਕਤ ਭਰਨੀ, ਇਸ ਸਭ ਲਈ ਸ੍ਰੀ ਗੁਰੂ ਗੋਬਿੰਦ ਰਾਏ ਜੀ ਨੂੰ ਵਿਰਾਸਤ ਵਿਚ




ਮਿਲਿਆ ਪਿਤਾ-ਪੁਰਖੀ ਬਹੁਮੁੱਲਾ ਵਿਰਸਾ ਸਭ ਤੋਂ ਵੱਧ ਸਹਾਇਕ ਹੋਇਆ, ਜਿਸ ਨੂੰ ਪ੍ਰਚਾਰਨ ਲਈ ਗੁਰੂ ਸਾਹਿਬ ਜੀ ਨੇ ਢਾਡੀਆਂ ਨੂੰ ਸੂਰਮਿਆਂ ਦੀਆਂ ਵਾਰਾਂ ਅਤੇ ਸਿੱਖ ਇਤਿਹਾਸ ਗਾ ਕੇ ਸੁਣਾਉਣ ਲਈ ਪ੍ਰੇਰਿਤ ਕੀਤਾ, ਅਤੇ ਨਾਲ ਹੀ ਫੌਜ ਦੀ ਤਿਆਰੀ ਅਤੇ ਹਰ ਪ੍ਰਕਾਰ ਦੇ ਫੌਜੀ ਸਾਧਨਾ ਵੱਲ ਵੀ ਆਪ ਜੀ ਨੇ ਉਚੇਚੇ ਤੌਰ 'ਤੇ ਧਿਆਨ ਦਿੱਤਾ। ਆਪ ਜੀ ਨੇ ਸੰਗਤਾਂ ਨੂੰ ਘੋੜੇ, ਸ਼ਸ਼ਤਰ, ਗੋਲੀ-ਸਿੱਕਾ ਅਤੇ ਫੌਜੀ ਸਾਧਨ ਭੇਟਾ ਵਜੋਂ ਲਿਆਉਣ ਲਈ ਹੁਕਮਨਾਮੇ ਭੇਜੇ ਅਤੇ ਨਾਲ ਹੀ ਉਨ੍ਹਾਂ ਜਵਾਨੀਆਂ ਦੀ ਮੰਗ ਕੀਤੀ ਜੋ ਧਰਮ ਤੋਂ ਆਪਣਾ ਜੀਵਨ ਅਰਪਨ ਕਰਨ ਲਈ ਤਿਆਰ-ਬਰ ਤਿਆਰ ਹੋਣ।

ਅੰਗਰੇਜ਼ੀ ਇਤਿਹਾਸਕਾਰ ਕਨਿੰਘਮ ਲਿਖਦਾ ਹੈ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਨੇ ਪਿਤਾ ਜੀ ਦੀ ਸ਼ਹਾਦਤ ਦੇ ਕਾਰਨਾਂ ਨੂੰ ਸਮਝਿਆ ਅਤੇ ਔਰੰਗਜ਼ੇਬ ਦੀ ਤੁਅਸਬੀ ਧਾਰਮਿਕ ਨੀਤੀ ਨੂੰ ਦੇਖਿਆ, ਇਸ ਲਈ ਸ੍ਰੀ ਗੋਬਿੰਦ ਸਿੰਘ ਜੀ ਦੀ ਵਿੱਦਿਆ, ਦੂਰ ਅੰਦੇਸ਼ੀ ਸੂਝਤਾ ਅਤੇ ਤਜਰਬਿਆਂ ਉਨ੍ਹਾਂ ਨੂੰ ਆਪਣੇ ਹਮ-ਵਤਨੀਆਂ ਅਤੇ ਸਿੱਖਾਂ ਵਿਚ ਨਵੇਂ ਸਿਰੇ ਤੋਂ ਸੂਰਬੀਰਤਾ ਭਰਨ ਅਤੇ ਗੁਰੂ ਨਾਨਕ ਸਾਹਿਬ ਜੀ ਦੇ ਅਸੂਲਾ ਨੂੰ ਨਿਰਨਾਇਕ ਸੇਧ ਦੇਣ ਲਈ ਪ੍ਰੇਰਿਤ ਕੀਤਾ। ਉਹ ਹੋਰ ਲਿਖਦਾ ਹੈ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਮਹਿਸੂਸ ਕੀਤਾ ਕਿ ਉਨ੍ਹਾਂ ਨੂੰ ਐਸੀ ਸਾਂਝੀ ਚੀਜ਼ ਸਿੱਖਾਂ ਨੂੰ ਦੇਣ ਦੀ ਜ਼ਰੂਰਤ ਹੈ ਜੋ ਕਮਜ਼ੋਰ ਦਿਲਾਂ ਨੂੰ ਤਕੜਾ ਕਰ ਦੇਵੇ ਅਤੇ ਗੁਰੂ-ਘਰ ਦੇ ਅਨਿਨ ਸੇਵਕਾਂ ਵਿਚ ਅਥਾਹ ਜੋਸ਼ ਭਰ ਦੇਵੇ।

ਗਾਰਡਨ ਲਿਖਦਾ ਹੈ, "ਜੋ ਤਿੱਖੀਆਂ ਸੂਲਾਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਖੂਨ ਨਾਲ ਦਿੱਲੀ ਵਿਚ ਬੀਜੀਆਂ ਗਈਆਂ, ਉਨ੍ਹਾਂ ਨੇ ਜਲਦੀ ਹੀ ਖਾਲਸਾ ਰੂਪ ਦੀ ਭਾਰੀ ਫਸਲ ਪੈਦਾ ਕੀਤੀ।"

ਜਿਵੇਂ ਹੀ ਦਸਮ ਪਾਤਸ਼ਾਹ ਨੇ ਅਨੰਦਪੁਰ ਸਾਹਿਬ ਵਿਚ ਜਵਾਨਾਂ ਨੂੰ ਨਕਲੀ ਜੰਗਾਂ ਦਾ ਅਭਿਆਸ ਕਰਾਉਣਾ ਸ਼ੁਰੂ ਕੀਤਾ ਤਾਂ ਉਸ ਦੇ ਸਿੱਟੇ ਵਜੋਂ ਆਪ ਦੀ ਫੌਜ ਵਿਚ ਬਹੁਤ ਸਾਰੇ ਸਿਰਕੱਢ ਸੂਰਮਿਆਂ ਨੇ ਆਪਣੀਆਂ ਜਵਾਨੀਆਂ ਅਤੇ ਸ਼ਸ਼ਤਰ ਗੁਰੂ ਸਾਹਿਬ ਦੇ ਭੇਟ ਕੀਤੇ, ਜਿਨ੍ਹਾਂ ਵਿੱਚੋਂ ਅਸਾਮ ਦੇ ਰਾਜਾ ਰਾਮ ਰਾਇ ਦੇ ਸਪੁੱਤਰ ਰਤਨ ਰਾਇ ਨੇ ਵੀ ਗੁਰੂ ਸਾਹਿਬ ਲਈ ਭੇਟਾਵਾਂ ਪਰਸਾਦੀ ਹਾਥੀ, ਪੰਜ ਕਲਾ ਸ਼ਸ਼ਤਰ (ਤਲਵਾਰ, ਗੁਰਜ, ਬਰਛੀ, ਨੇਜਾ, ਪਸਤੌਲ) ਮੋਤੀਆਂ ਦੀ ਮਾਲਾ, ਚੰਨਣ ਦੀ ਚੌਕੀ, ਚਾਂਦੀ ਦਾ ਕਟੋਰਾ ਆਦਿ ਗੁਰੂ ਸਾਹਿਬ ਦੀ ਭੇਟਾ ਕੀਤੀਆਂ। ਆਪ ਜੀ ਨੇ ਆਪਣੀ ਫੌਜ ਵਿਚ ਤਨਖਾਹਦਾਰ ਫੌਜੀ ਵੀ ਭਰਤੀ ਕੀਤੇ, ਜਿਨ੍ਹਾਂ ਵਿਚ ਹਿੰਦੂ, ਸਿੱਖ ਅਤੇ ਮੁਸਲਮਾਨ ਵੀ ਸਨ। ਅਨੰਦਪੁਰ ਸਾਹਿਬ ਵਿਚ ਆਪ ਜੀ ਨੇ 8 ਸਾਲ ਰਹਿ ਕੇ ਜਥੇਬੰਦੀ ਨੂੰ ਪੂਰੀ ਤਰ੍ਹਾਂ ਮਜ਼ਬੂਤ ਕਰ ਲਿਆ ਸੀ। ਬੇਸ਼ੱਕ ਗੁਰੂ ਸਾਹਿਬ ਜੀ ਅਮਨ ਦੇ ਪੁਜਾਰੀ ਸਨ ਪਰ ਮਜ਼ਲੂਮਾਂ ਉਤੇ ਹੁੰਦੇ ਜ਼ੁਲਮ ਨੂੰ ਵੀ ਕਿਵੇਂ ਸਹਾਰ ਕਰ ਸਕਦੇ ਸਨ?

ਭਾਵੇਂ ਔਰੰਗਜ਼ੇਬ ਨੇ ਸੰਨ 1670 ਵਿਚ ਰਾਗ-ਗਾਇਨ ਅਤੇ ਸੰਨ 1680 ਵਿਚ ਪਾਠਸ਼ਾਲਾਵਾਂ ਅਤੇ ਸੰਸਕ੍ਰਿਤ ਆਦਿ ਭਾਸ਼ਾਵਾਂ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾ ਦਿੱਤੀ ਸੀ, ਪਰ ਗੁਰੂ ਨਾਨਕ ਸਾਹਿਬ ਦੇ ਘਰ ਵਿਚ ਕੀਰਤਨ ਨੂੰ ਮਹੱਤਵਪੂਰਨ ਪਦਵੀ ਪ੍ਰਾਪਤ ਹੈ, ਇਸ ਲਈ ਗੁਰੂ ਸਾਹਿਬ ਜੀ ਨੇ ਔਰੰਗਜ਼ੇਬ ਦੇ ਹੁਕਮ ਦੀ ਪਰਵਾਹ ਨਾ ਕਰਦਿਆਂ ਸਭੇ ਗੁਰੂ ਘਰ ਦੇ ਕੀਰਤਨੀਆਂ ਅਤੇ ਅਲੱਗ-ਅਲੱਗ ਭਾਸ਼ਾਵਾਂ ਦੇ ਗਿਆਤਾਵਾਂ ਨੂੰ ਆਨੰਦਪੁਰ ਸਾਹਿਬ ਦੇ ਦਰਬਾਰ ਵਿਚ ਥਾਂ ਦਿੱਤੀ, ਅਤੇ ਨਾਲ ਹੀ ਆਪ ਜੀ ਨੇਤਰਹੀਣ ਪੁਰਸ਼ਾਂ ਅਤੇ ਸੂਰਮਿਆਂ ਸਿੰਘਾਂ ਨੂੰ ਰਬਾਬ, ਤਾਊਸ, ਸਿਰੰਦਾ, ਜੋੜੀ ਆਦਿਕ ਦੀ ਆਪ ਹੀ ਸਿਖਲਾਈ ਕਰਵਾਉਂਦੇ ਸਨ ਤਾਂ ਕਿ ਉਹ ਆਪਣੀਆਂ ਜਿੰਮੇਵਾਰੀਆਂ ਆਪ ਸੰਭਾਲਣ। ਔਰੰਗਜ਼ੇਬ ਦੇ ਹੁਕਮ ਦੀ ਪਰਵਾਹ ਨਾ ਕਰਦਿਆਂ ਹੋਇਆਂ ਆਪ ਜੀ ਨੇ ਅਨੰਦਪੁਰ ਸਾਹਿਬ ਵਿਖੇ ਹੀ ਪੰਜਾਬੀ, ਹਿੰਦੀ, ਫਾਰਸੀ ਅਤੇ ਸੰਸਕ੍ਰਿਤ ਆਦਿ ਦੀ ਵਿੱਦਿਆ ਦਾ ਪ੍ਰਬੰਧ ਚਲਾਇਆ।

ਆਪ ਜੀ ਦੇ ਘਰ ਮਾਤਾ ਜੀਤੋ ਜੀ ਦੀ ਕੁੱਖੋਂ ਤਿੰਨ ਸਪੁੱਤਰ, ਬਾਬਾ ਜੁਝਾਰ ਸਿੰਘ ਜੀ, ਬਾਬਾ ਜ਼ੋਰਾਵਰ ਸਿੰਘ ਜੀ

## ਧਰਤੀ ਦੀ ਸਭ ਤੋਂ ਮਹਿੰਗੀ ਜਗ੍ਹਾ



ਵਿਸਵ ਦੀ ਸਭ ਤੋਂ ਮਹਿੰਗੀ ਥਾਂ ਸਰਹਿੰਦ (ਫਤਿਹਗੜ੍ਹ ਸਾਹਿਬ) ਵਿਖੇ ਹੈ, ਜਿੱਥੇ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ ਅਤੇ ਮਾਤਾ ਗੁਜਰੀ ਜੀ ਦਾ ਅੰਤਿਮ ਸੰਸਕਾਰ ਹੋਇਆ ਸੀ। ਦੀਵਾਨ ਟੋਡਰ ਮੱਲ ਨੇ ਇਹ ਥਾਂ 78000 ਸੋਨੇ ਦੇ ਸਿੱਕੇ ਜਮੀਨ ਤੇ ਵਿਛਾ ਕੇ ਖਰੀਦੀ ਸੀ। ਦਸਦੇ ਹਨ ਕਿ ਸੋਨੇ ਦੀ ਕੀਮਤ ਮੁਤਾਬਿਕ ਇਸ 4 ਸਕੇਅਰ ਮੀਟਰ ਧਰਤੀ ਦੀ ਕੀਮਤ 2500000000 (ਦੋ ਅਰਬ ਪੰਜਾਹ ਕਰੋੜ) ਬਣਦੀ ਹੈ। ਦੁਨੀਆਂ ਦੀ ਸਭ ਤੋਂ ਮਹਿੰਗੀ ਜਗ੍ਹਾ ਖਰੀਦਣ ਦਾ ਰਿਕਾਰਡ ਸਿੱਖ ਧਰਮ ਦੇ ਇਤੀਹਾਸ ਵਿੱਚ ਦਰਜ ਹੈ। ਕਿਉਂਕਿ ਅੱਜ ਤੱਕ ਐਨੀ ਜਿਆਦਾ ਕੀਮਤ ਤੇ ਐਨੀ ਘੱਟ ਜਗ੍ਹਾ ਕਿਸੇ ਨੇ ਵੀ ਨਹੀ ਖਰੀਦੀ।

ਪਰ ਹੁਣ ਇਹ ਥਾਂ ਜਹਾਨ ਦੀ ਸਾਰੀ ਦੌਲਤ ਰੱਖ ਵੀ ਕੋਈ ਖਰੀਦਣਾ ਚਾਹੇ ਤਾਂ ਸਾਡੇ ਕੋਲੋ ਖਰੀਦ ਨਹੀ ਸਕਦਾ। ਸਾਰਾ ਜਹਾਨ ਵੀ ਇਸਦੇ ਬਦਲੇ ਦਿੱਤਾ ਜਾਵੇ ਤਾਂ ਫਿਰ ਵੀ ਇਹ ਥਾਂ ਮਹਿੰਗੀ ਹੀ ਰਹੇਗੀ। ਇਹ ਥਾਂ ਵਡਮੁਲੀ ਹੀ ਨਹੀ ਅਜ ਅਮੋਲਕ ਹੋ ਚੁੱਕੀ ਹੈ।

ਭਾਈ ਹਰਚਰਨ ਸਿੰਘ ਖਾਲਸਾ (ਹਜ਼ੂਰੀ ਰਾਗੀ)

